# ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ

**(ਰਜਿਸਟਰਾਰ ਦਫਤਰ)**

ਆਈ.ਕੇ.ਜੀ.ਪੀ.ਟੀ.ਯੂ./ਰਜਿ./ਦਹ/334 ਮਿਤੀ: 24/05/2022

## ਦਫਤਰੀ ਹੁਕਮ

**ਵਿਸ਼ਾ: ਮਾਤਾ ਭੱਦਰਕਾਲੀ ਜੀ ਦੇ ਮੇਲੇ ਸਬੰਧੀ ਮਿਤੀ 26.05.2022 (ਵੀਰਵਾਰ) ਨੂੰ ਛੁੱਟੀ ਘੋਸ਼ਿਤ ਕਰਨ ਸਬੰਧੀ।**

ਮਾਤਾ ਭੱਦਰਕਾਲੀ ਜੀ ਦਾ ਮੇਲਾ ਪਿੰਡ ਸ਼ੇਖੂਪੁਰ, ਸਬ ਡਵੀਜ਼ਨ, ਕਪੂਰਥਲਾ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਡਿਪਟੀ ਕਮਿਸ਼ਨਰ, ਕਪੂਰਥਲਾ ਦੇ ਪਿੱਠ ਅੰਕਣ ਨੰ. 1797-1806/ਐਮ.ਏ. ਮਿਤੀ 19.05.2022 ਰਾਹੀਂ ਲੋਕਾਂ ਦੀ ਧਾਰਮਿਕ ਭਾਵਨਾਵਾਂ ਅਤੇ ਇਤਿਹਾਸਕ ਮੇਲੇ ਦੀ ਮਹੱਤਤਾ ਨੂੰ ਮੁੱਖ ਰੱਖਦੇ ਹੋਏ ਸਬ ਡਵੀਜ਼ਨ, ਕਪੂਰਥਲਾ ਵਿਖੇ ਪੈਂਦੇ ਸਾਰੇ ਸਰਕਾਰੀ ਅਦਾਰਿਆਂ/ਨਗਮ ਬੋਰਡਾਂ/ਸਰਕਾਰੀ ਅਤੇ ਅਰਧ ਸਰਕਾਰੀ ਵਿਦਿਅਕ ਅਦਾਰਿਆਂ/ਹੋਰ ਸਰਕਾਰੀ ਸੰਸਥਾਵਾਂ ਅਤੇ ਸੇਵਾ ਕੇਂਦਰਾਂ ਵਿੱਚ ਮਿਤੀ 26.05.2022 ਦਿਨ (ਵੀਰਵਾਰ) ਨੂੰ ਲੋਕਲ ਛੁੱਟੀ ਕੀਤੀ ਗਈ ਹੈ।

ਮਾਣਯੋਗ ਉਪ-ਕੁਲਪਤੀ ਜੀ ਦੀ ਪ੍ਰਵਾਨਗੀ ਉਪਰੰਤ ਉੱਕਤ ਨੂੰ ਮੁੱਖ ਰੱਖਦੇ ਹੋਏ ਮਿਤੀ 26.05.2022 ਦਿਨ (ਵੀਰਵਾਰ) ਨੂੰ ਯੂਨੀਵਰਸਿਟੀ ਦੇ ਮੇਨ ਕੈਂਪਸ ਵਿਖੇ ਛੁੱਟੀ ਘੋਸ਼ਿਤ ਕੀਤੀ ਜਾਂਦੀ ਹੈ।

ਮਿਤੀ 26.05.2022 ਨੂੰ ਯੂਨੀਵਰਸਿਟੀ ਵਿਖੇ ਹੋਣ ਵਾਲੇ ਇੱਕ ਰੋਜ਼ਾ ਸੱਭਿਆਚਾਰਕ ਮੇਲੇ ਸੰਬੰਧੀ ਸੌਂਪੀ ਗਈ ਜ਼ਿੰਮੇਵਾਰੀ ਵਾਲੇ ਟੀਚਿੰਗ ਅਤੇ ਨਾਨ-ਟੀਚਿੰਗ ਮੁਲਾਜ਼ਮ, ਯੂਨੀਵਰਸਿਟੀ ਵਿਖੇ ਚੱਲ ਰਹੀਆਂ ਪ੍ਰੀਖਿਆਵਾਂ ਅਤੇ ਹੋਰ ਜ਼ਰੂਰੀ ਸੇਵਾਵਾਂ ਵਾਲੇ ਟੀਚਿੰਗ ਅਤੇ ਨਾਨ-ਟੀਚਿੰਗ ਮੁਲਾਜ਼ਮ ਪਹਿਲਾਂ ਮਿੱਥੇ ਸ਼ਡਿਊਲ ਅਨੁਸਾਰ ਹੀ ਕੰਮ ਕਰਨਗੇ।

ਇਹ ਦਫ਼ਤਰੀ ਹੁਕਮ ਮਾਣਯੋਗ ਉਪ-ਕੁਲਪਤੀ ਜੀ ਦੀ ਮਿਤੀ 24.05.2022 ਨੂੰ ਈ-ਆਫ਼ਿਸ ਦੀ ਫਾਈਲ ਨੰ. D-33/491/2022-REG OFF (Computer No. 69122) ਰਾਹੀਂ ਮਿਲੀ ਪ੍ਰਵਾਨਗੀ ਅਨੁਸਾਰ ਜਾਰੀ ਕੀਤਾ ਗਿਆ ਹੈ।

24/5/22

**(ਡਾ. ਐਸ.ਕੇ. ਮਿਸ਼ਰਾ)**
ਰਜਿਸਟਰਾਰ

ਪਿੱਠ ਅੰ:ਨੰ: ਆਈ.ਕੇ.ਜੀ.ਪੀ.ਟੀ.ਯੂ./ਰਜਿ./ਦਹ/335-339 ਮਿਤੀ: 24/05/2022

ਇਸ ਦਾ ਇੱਕ ਉਤਾਰਾ ਹੇਠ ਲਿਖੇ ਅਧਿਕਾਰੀਆਂ ਨੂੰ ਜਾਣਕਾਰੀ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਸਕੱਤਰ, ਉਪ ਕੁਲਪਤੀ: ਮਾਣਯੋਗ ਉਪ ਕੁਲਪਤੀ ਜੀ ਦੀ ਜਾਣਕਾਰੀ ਹਿੱਤ।
2. ਸਮੂਹ ਵਿਭਾਗ ਮੁੱਖੀ/ਇੰਚਾਰਜ (ਨਾਨ-ਟੀਚਿੰਗ)
3. ਡੀਨ (ਅਕਾਦਮਿਕ): ਸਮੂਹ ਵਿਭਾਗ ਮੁੱਖੀ/ਇੰਚਾਰਜ (ਟੀਚਿੰਗ), ਸਮੂਹ ਡਾਇਰੈਕਟਰ/ਇੰਚਾਰਜ ਕੰਸਟੀਚਿਊਟ ਕੈਂਪਸ ਅਤੇ ਸਮੂਹ ਡਾਇਰੈਕਟਰ/ਪ੍ਰਿੰਸੀਪਲ, ਸਮੂਹ ਮਾਨਤਾ ਪ੍ਰਾਪਤ ਕਾਲਜ ਨੂੰ ਜਾਣੂ ਕਰਾਉਣ ਹਿੱਤ।
4. ਡਿਪਟੀ ਰਜਿਸਟਰਾਰ (ਜਨਰਲ ਪ੍ਰਬੰਧਨ)
5. ਇੰਚਾਰਜ (ਆਈ.ਟੀ.ਐਸ.): ਵੈਬਸਾਈਟ ਤੇ ਅਪਲੋਡ ਕਰਵਾਉਣ ਹਿੱਤ।

24/5/22

**(ਡਾ. ਐਸ.ਕੇ. ਮਿਸ਼ਰਾ)**
ਰਜਿਸਟਰਾਰ